**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਕੰਪਲੈਕਸ, ਸੈਕਟਰ-68, ਐੱਸ.ਏ.ਐੱਸ. ਨਗਰ।**

https://sssb.punjab.gov.in

**ਇਸ਼ਤਿਹਾਰ ਨੰਬਰ 07 ਆਫ 2026**

**ਅਸਾਮੀ ਦਾ ਨਾਮ:- ਜੂਨੀਅਰ ਇੰਜੀਨੀਅਰ (ਸਿਵਲ/ ਮਕੈਨੀਕਲ / ਬਿਜਲੀ)**


| ਲੜੀ ਨੰ. | ਵੇਰਵਾ | ਪੰਨਾ ਨੰਬਰ |
|---|---|---|
| 1. | ਮਹੱਤਵਪੂਰਨ ਮਿਤੀਆਂ | 1 |
| 2. | ਜਾਣ-ਪਹਿਚਾਣ | 1 |
| 3. | ਅਸਾਮੀਆਂ ਅਪਲਾਈ ਕਰਨ ਲਈ ਕੈਟਾਗਰੀ ਕੋਡ | 1-2 |
| 4. | ਰਾਖਵਾਂਕਰਨ ਸੰਬੰਧੀ ਮਹੱਤਵਪੂਰਨ ਹਦਾਇਤਾਂ | 2-4 |
| 5. | ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ | 4 |
| 6. | ਤਨਖਾਹ ਸਕੇਲ ਅਤੇ ਭੱਤੇ | 5 |
| 7. | ਉਮਰ ਸੀਮਾ | 5 |
| 8. | ਫੀਸ ਸੰਬੰਧੀ ਵੇਰਵਾ | 6 |
| 10. | ਚੋਣ ਵਿਧੀ | 6-7 |
| 11. | ਅਪਲਾਈ ਕਰਨ ਦੀ ਵਿਧੀ | 7-8 |
| 12. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 9 |
| 13. | ਬਿਨੈਕਾਰ ਦੇ ਧਿਆਨ ਹਿੱਤ ਜ਼ਰੂਰੀ ਹਦਾਇਤਾਂ | 9-11 |

| ਇਸ਼ਤਿਹਾਰ ਨੰ. |
|---|
| 07 ਆਫ 2026 |

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**
**ਵਣ ਭਵਨ, ਸੈਕਟਰ-68, ਐਸ.ਏ.ਐਸ. ਨਗਰ**

*https://sssb.punjab.gov.in*

**ਜਨਤਕ ਨਿਯੁਕਤੀਆਂ**

**ਮਹੱਤਵਪੂਰਨ ਮਿਤੀਆਂ:-**

**ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ : 13.03.2026**
**ਆਨਲਾਈਨ ਅਰਜੀਆਂ ਸਬਮਿਟ/ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ : 13.03.2026**
**ਆਨਲਾਈਨ ਅਰਜੀਆਂ ਸਬਮਿਟ/ਅਪਲਾਈ ਕਰਨ ਅਤੇ ਫੀਸ ਭਰਨ ਦੀ ਆਖਰੀ ਮਿਤੀ : 06.04.2026**

**ਜਾਣ-ਪਹਿਚਾਣ**

**1.** i. ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵਿੱਚ ਗਰੁੱਪ-ਬੀ, ਗਰੁੱਪ-ਸੀ ਅਤੇ ਗਰੁੱਪ-ਡੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

ii. ਅਧੀਨ ਸੇਵਾਵਾਂ ਚੋਣ ਬੋਰਡ ਵੱਲੋਂ ਪੰਜਾਬ ਸਰਕਾਰ, ਦੇ ਵੱਖ ਵੱਖ ਵਿਭਾਗਾਂ ਤੋਂ ਗਰੁੱਪ-ਬੀ (ਜੂਨੀਅਰ ਇੰਜੀਨੀਅਰ (ਸਿਵਲ/ ਮਕੈਨੀਕਲ/ ਬਿਜਲੀ)) ਦੇ ਮਿਤੀ 30.09.2026 ਤੱਕ ਪ੍ਰਾਪਤ ਹੋਣ ਵਾਲੇ ਸੰਭਾਵਿਤ ਮੰਗ ਪੱਤਰਾਂ ਰਾਹੀਂ ਪ੍ਰਾਪਤ ਹੋਣ ਵਾਲੀਆਂ ਸੰਭਾਵਿਤ ਅਸਾਮੀਆਂ ਲਈ ਬੋਰਡ ਦੀ ਵੈਬਸਾਈਟ ***https://sssb.punjab.gov.in*** ਤੇ ਹਰ ਪੱਖੋਂ ਯੋਗ ਉਮੀਦਵਾਰਾਂ ਤੋਂ ਮਿਤੀ **13.03.2026 ਤੋਂ 06.04.2026** ਤੱਕ ਆਨਲਾਈਨ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ।

iii. ਉਮੀਦਵਾਰਾਂ ਵੱਲੋਂ ਆਨਲਾਈਨ ਅਪਲਾਈ ਕਰਨ ਸਮੇਂ ਸ਼੍ਰੇਣੀ ਅਤੇ ਸ਼੍ਰੇਣੀ ਕੋਡ ਨੂੰ ਧਿਆਨ ਵਿੱਚ ਰੱਖਦੇ ਹੋਏ ਅਪਲਾਈ ਕੀਤਾ ਜਾਵੇ। ਸ਼੍ਰੇਣੀ ਅਤੇ ਸ਼੍ਰੇਣੀ ਕੋਡ ਹੇਠ ਅਨੁਸਾਰ ਹਨ:-

| Sr. No. | Category | Code |
|---|---|---|
| 1. | General | 101 |
| 2. | EWS (Gen.) | 102 |
| 3. | S.C. (M & B) | 103 |
| 4. | S.C. (Ramdasia & others) | 104 |
| 5. | B.C. | 105 |
| 6. | ESM Gen. (Self) | 106 |
| 7. | ESM Gen. (Dependent) | 107 |
| 8. | ESM S.C (M & B) (Self) | 108 |
| 9. | ESM S.C (M & B) (Dependent) | 109 |
| 10. | ESM S.C (R & O) (Self) | 110 |
| 11. | ESM S.C (R & O) (Dependent) | 111 |
| 12. | ESM B.C (Self) | 112 |
| 13. | ESM B.C (Dependent) | 113 |
| 14. | Sports General | 114 |
| 15. | Sports {SC (M&B)} | 115 |
| 16. | Sports {SC (R&O)} | 116 |
| 17. | Physical Handicapped (Ortho) | 117 |
| 18. | Physical Handicapped (VH) | 118 |
| 19. | Physical Handicapped (HH) | 119 |

| | | |
|---|---|---|
| 20. | Physical Handicapped (I.D./M.D.) | 120 |
| 21. | Freedom Fighter | 121 |

General - ਆਮ ਵਰਗ,
EWS (Gen.) -ਆਰਥਿਕ ਤੌਰ ਤੇ ਕਮਜ਼ੋਰ ਵਰਗ (ਆਮ),
S.C. (M&B) -ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ),
S.C. (R&O) - ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ),
B.C. -ਪੱਛੜੀ ਸ਼੍ਰੇਣੀ,
ESM Gen. (Self) - ਸਾਬਕਾ ਫੌਜੀ-ਆਮ ਵਰਗ (ਖੁਦ),
ESM Gen. (Dependent) -ਸਾਬਕਾ ਫੌਜੀ-ਆਮ ਵਰਗ (ਆਸ਼ਰਿਤ),
ESM {S.C(M&B)}(Self) -ਸਾਬਕਾ ਫੌਜੀ {ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)}(ਖੁਦ),
ESM {S.C(M&B)}(Dependent)-ਸਾਬਕਾ ਫੌਜੀ {ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)}(ਆਸ਼ਰਿਤ),
ESM {S.C(R&O)}(Self) -ਸਾਬਕਾ ਫੌਜੀ {ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ)}(ਖੁਦ),
ESM {S.C(R&O)}(Dependent)-ਸਾਬਕਾ ਫੌਜੀ {ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ)}(ਆਸ਼ਰਿਤ),
ESM B.C (Self) -ਸਾਬਕਾ ਫੌਜੀ (ਪੱਛੜੀ ਸ਼੍ਰੇਣੀ) (ਖੁਦ),
ESM B.C (Dependent) -ਸਾਬਕਾ ਫੌਜੀ (ਪੱਛੜੀ ਸ਼੍ਰੇਣੀ) (ਆਸ਼ਰਿਤ),
Sports General -ਖਿਡਾਰੀ ਆਮ ਵਰਗ,
Sports {SC(M&B)} -ਖਿਡਾਰੀ {ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ)},
Sports {SC(R&O)} -ਖਿਡਾਰੀ {ਅਨੁਸੂਚਿਤ ਜਾਤੀ (ਰਾਮਦਾਸੀਆ ਤੇ ਹੋਰ)},
Physical Handicapped (Ortho) -ਦਿਵਿਆਂਗਜਨ (ਆਰਥੋ),
Physical Handicapped (VH) -ਦਿਵਿਆਂਗਜਨ (ਨੇਤਰਹੀਣ/ਅੰਸ਼ਿਕ ਨੇਤਰਹੀਣ),
Physical Handicapped (HH) -ਦਿਵਿਆਂਗਜਨ (ਗੂੰਗੇ ਤੇ ਬੋਲੇ),
Physical Handicapped (I.D./M.D.) -ਦਿਵਿਆਂਗਜਨ (I.D/M.D)
Freedom Fighter -ਸੁਤੰਤਰਤਾ ਸੰਗਰਾਮੀ।

ਨੋਟ:- ਉਪਰੋਕਤ ਦਰਸਾਈਆਂ ਵੱਖ ਵੱਖ ਕੈਟਾਗਰੀਆਂ ਵਿੱਚੋਂ, ਜੇਕਰ ਕਿਸੇ ਕੈਟਾਗਰੀ/ਕੈਟਾਗਰੀਆਂ ਦੀਆਂ ਅਸਾਮੀਆਂ ਲਈ ਮਿਤੀ 30.09.2026 ਤੱਕ ਕਿਸੇ ਵੀ ਵਿਭਾਗ ਤੋਂ ਕੋਈ ਵੀ ਮੰਗ ਪੱਤਰ ਪ੍ਰਾਪਤ ਨਹੀਂ ਹੁੰਦਾ ਤਾਂ ਉਸ ਕੈਟਗਾਰੀ/ਕੈਟਾਗਰੀਆਂ ਦੇ ਉਮੀਦਵਾਰਾਂ ਦਾ ਲਿਖਤੀ ਪ੍ਰੀਖਿਆ ਵਿੱਚ ਪ੍ਰਾਪਤ ਕੀਤੇ ਅੰਕਾਂ ਦੀ ਮੈਰਿਟ ਦੇ ਅਧਾਰ ਤੇ ਕੋਈ ਕਲੇਮ ਨਹੀਂ ਮੰਨਿਆ ਜਾਵੇਗਾ।

**2. ਰਾਖਵਾਂਕਰਨ/ Reservation ਸਬੰਧੀ ਮਹੱਤਵਪੂਰਨ ਹਦਾਇਤਾਂ:**

(i) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਸੁਚੇਤ ਹੋ ਕੇ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾਵੇਗਾ।

(ii) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖਣ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(iv) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਤਾਜ਼ਾ ਜਾਰੀ ਹੋਇਆ ਸਰਟੀਫਿਕੇਟ (Domicile/Residence Certificate) ਪੇਸ਼ ਕਰੇਗਾ। ਇਹ ਸਰਟੀਫਿਕੇਟ ਹਰ ਸ਼੍ਰੇਣੀ ਦੇ ਉਮੀਦਵਾਰ (ਪੁਰਸ਼/ਇਸਤਰੀ) ਵੱਲੋਂ ਪੇਸ਼ ਕਰਨਾ ਲਾਜ਼ਮੀ ਹੈ। ਇਹ ਸਰਟੀਫਿਕੇਟ ਕੌਂਸਲਿੰਗ ਦੌਰਾਨ ਪੇਸ਼ ਕਰਨ ਸਮੇਂ ਕਿਸੇ ਵੀ ਸਥਿਤੀ ਵਿੱਚ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ।

(v) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀ/ਅੰਗਹੀਣ/ਖਿਡਾਰੀ/ਆਰਥਿਕ ਤੌਰ ਤੇ ਕਮਜ਼ੋਰ ਵਰਗ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਿਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(vi) ਉਮੀਦਵਾਰ ਕਾਉਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦਾ ਪੁਖਤਾ (Valid) ਸਰਟੀਫਿਕੇਟ ਸਬੂਤ ਵੱਜੋਂ ਪੇਸ਼ ਕਰੇਗਾ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

**ਨੋਟ:-** (i) ESM ਦੀ ਅਸਾਮੀ ਪਹਿਲਾਂ ESM(Self) ਉਮੀਦਵਾਰਾਂ ਵਿੱਚੋਂ ਹੀ ਭਰੀ ਜਾਏਗੀ। ESM(Self) ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀ ESM(Dependent) ਉਮੀਦਵਾਰਾਂ ਵਿੱਚੋਂ ਭਰੀ ਜਾਏਗੀ।

(ii) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ 08.05.2020 ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜੀ ਖੁਦ ਜਾਂ ਸਾਬਕਾ ਫੌਜੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਣੀ ਹੈ:-

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

*"Provided further that when an ex-serviceman is not available for the recruitment against a reserved vacancy and further no wife or dependent child of an Ex-serviceman is available for recruitment against a reserved vacancy, such a vacancy shall be reserved to be filled in by recruitment of the grand child of a Gallantry Award Winner, in case the benefit of reservation has not been availed for by any of the children or dependents of such winner or by the winner himself subject to the conditions specified in the second proviso."*

(iii) ਪੰਜਾਬ ਸਰਕਾਰ, ਪ੍ਰੋਸਨਲ ਵਿਭਾਗ (ਪੀ.ਪੀ.-1 ਸ਼ਾਖਾ) ਵਲੋਂ ਜਾਰੀ ਪੰਜਾਬ ਭਰਤੀ ਨਿਯਮ 1988 ਅਤੇ ਉਸ ਵਿੱਚ ਮਿਤੀ 20.07.2020 ਨੂੰ ਹੋਈ ਸੋਧ ਅਨੁਸਾਰ ਗਰੁੱਪ-ਬੀ ਦੀ ਖਿਡਾਰੀ ਵਰਗ ਦੀ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਣੀ ਹੈ:-

*In the Punjab Recruitment of Sportsmen Rules, 1988, in rule 2, in clause or sub-clause (a), the following shall be substituted, namely :-*

*(a) In the case of recruitment to a reserved vacancy in Group A or Group B posts :-*

*(i) that he belongs to the State of Punjab; and*

*(ii) that he has won Gold, Silver or Bronze Medal in Senior National Championship or National Games in team or individual events while representing the State of Punjab in such sports events as have been conducted by such respective National Sports federations as are affiliated or recognized to the Indian Olympic Association;*

*or*

(iii) *that he has won first, second or third position in team or individual events and/or he has won Gold or Silver or Bronze Medals at International Sports meets, conducted by Sports Federation affiliated or recognized by the International Olympic Committee or by the International Olympic Committee itself.*

**3. ਅਸਾਮੀਆਂ ਲਈ ਅਪਲਾਈ ਕਰਨ ਸਬੰਧੀ ਉਮੀਦਵਾਰਾਂ ਦੀ ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ (Educational/Technical Qualification) ਹੇਠ ਲਿਖੇ ਅਨੁਸਾਰ ਹੋਣੀ ਲਾਜ਼ਮੀ ਹੈ :-**

| **ਅਸਾਮੀ ਦਾ ਨਾਮ** | **ਵਿਦਿਅਕ ਯੋਗਤਾ/ਤਕਨੀਕੀ ਯੋਗਤਾ** |
|---|---|
| ਜੂਨੀਅਰ ਇੰਜੀਨੀਅਰ (ਸਿਵਲ) | Should possess three years Diploma in Civil Engineering or its equivalent from a recognized university or institution; or who possess higher qualification in same discipline from a recognized university or institution. |
| ਜੂਨੀਅਰ ਇੰਜੀਨੀਅਰ (ਮਕੈਨੀਕਲ) | Should possess three years Diploma in Mechanical Engineering or its equivalent from a recognized university or institution; or who possess higher qualification in same discipline from a recognized university or institution. |
| ਜੂਨੀਅਰ ਇੰਜੀਨੀਅਰ (ਬਿਜਲੀ) | Should possess three years Diploma in Electrical Engineering or its equivalent from a recognized university or institution; or who possess higher qualification in same discipline from a recognized university or institution. |

ਨੋਟ:-

(A) ਉਪਰ ਦਰਸਾਈਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994, ਦੇ ਨਿਯਮ 17 ਤਹਿਤ ਦਸਵੀਂ ਪੱਧਰ ਤੇ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਣੀ ਲਾਜ਼ਮੀ ਹੈ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:-

*“**17.Knowledge of Punjabi Language-** No person shall be appointed to any post in any service by direct appointment unless he has passed Matriculation examination with Punjabi as one of the compulsory or elective subjects or any other equivalent examination in Punjabi language which may be specified by the Government from time to time.”*

(B) ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੰ.G.S.R.7/Const./Art.309/Amd.(23)/2026 ਮਿਤੀ 21.01.2026 ਮੁਤਾਬਕ ਉਮੀਦਵਾਰ ਆਨਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ ਤੋਂ ਪਹਿਲਾਂ ਲੋੜੀਂਦੀਆਂ ਵਿਦਿਅਕ/ਤਕਨੀਕੀ ਯੋਗਤਾਵਾਂ ਪੂਰੀਆਂ ਕਰਦਾ ਹੋਵੇ। ਇਸ ਨਿਯਮ ਦੀ ਇਬਾਰਤ ਹੇਠ ਅਨੁਸਾਰ ਹੈ:

"The cut-off date to determine the minimum educational/Technical and other qualifications, unless otherwise specifically provided in the relevant rules, shall be the last date for submission of application forms."

**4. ਅਸਾਮੀਆਂ ਦੇ ਤਨਖਾਹ ਸਕੇਲ ਹੇਠ ਅਨੁਸਾਰ ਹਨ:-**

| S. No. | ਅਸਾਮੀ ਦਾ ਨਾਮ | Pay Scale |
|---|---|---|
| 1 | ਜੂਨੀਅਰ ਇੰਜੀਨੀਅਰ<br>(ਸਿਵਲ/ ਮਕੈਨੀਕਲ/ ਬਿਜਲੀ) | Level-6, Pay 35,400/- |

5. **ਉਮਰ ਸੀਮਾ:-**

ਉਪਰੋਕਤ ਅਸਾਮੀਆਂ ਲਈ ਉਮੀਦਵਾਰਾਂ ਦੀ ਉਮਰ ਸੀਮਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਤੀ 01.01.2026 ਨੂੰ ਹੇਠ ਅਨੁਸਾਰ ਹੋਣੀ ਚਾਹੀਦੀ ਹੈ:-

(i) ਕਿਸੇ ਵੀ ਸ਼੍ਰੇਣੀ ਦੇ ਉਮੀਦਵਾਰ ਦੀ ਉਮਰ 18 ਸਾਲ ਤੋਂ ਘੱਟ ਨਹੀਂ ਹੋਣੀ ਚਾਹੀਦੀ।

(ii) ਜਨਰਲ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ 37 ਸਾਲ ਤੋਂ ਵੱਧ ਨਹੀਂ ਹੋਣੀ ਚਾਹੀਦੀ।

(iii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਮਰ ਦੀ ਉਪਰਲੀ ਸੀਮਾ 42 ਸਾਲ ਹੋਵੇਗੀ।

(iv) ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਮਰ ਦੀ ਉਪਰਲੀ ਸੀਮਾਂ ਵਿੱਚ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 45 ਸਾਲ ਹੋਵੇਗੀ।

(v) ਪੰਜਾਬ ਦੇ ਵਸਨੀਕ ਸਾਬਕਾ ਫੌਜੀਆਂ ਦੇ ਕੇਸ ਵਿੱਚ ਉਮਰ ਦੀ ਉਪਰਲੀ ਸੀਮਾ Punjab Recruitment of Ex-Servicemen Rules, 1982 ਵਿੱਚ ਸਮੇਂ-ਸਮੇਂ ਹੋਈਆਂ ਸੋਧਾਂ ਅਨੁਸਾਰ ਹੋਵੇਗੀ। ਇਹ ਉਮਰ ਦੀ ਉਪਰਲੀ ਸੀਮਾ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿੱਚੋਂ ਘਟਾਉਣ ਤੋਂ ਬਾਅਦ ਬਾਕੀ ਬਚੀ ਉਮਰ, ਜੇਕਰ ਸੇਵਾ ਰੂਲਾਂ ਅਨੁਸਾਰ ਅਸਾਮੀ ਦੀ ਉਪਰਲੀ ਸੀਮਾ ਤੋਂ 3 ਸਾਲ ਤੋਂ ਵੱਧ ਨਹੀਂ ਹੋਵੇਗੀ ਤਾਂ ਮੰਨਿਆ ਜਾਵੇਗਾ ਕਿ ਉਹ ਉਮਰ ਦੀ ਉਪਰਲੀ ਸੀਮਾ ਦੀਆਂ ਸ਼ਰਤਾਂ ਪੂਰੀਆਂ ਕਰਦਾ ਹੈ।

(vi) ਪੰਜਾਬ ਦੇ ਵਸਨੀਕ ਦਿਵਿਆਂਗ ਉਮੀਦਵਾਰਾਂ ਲਈ ਉਮਰ ਦੀ ਉਪਰਲੀ ਸੀਮਾ ਵਿੱਚ 10 ਸਾਲ ਦੀ ਛੋਟ ਦਿੰਦੇ ਹੋਏ ਵੱਧ ਤੋਂ ਵੱਧ ਉਮਰ ਸੀਮਾ 47 ਸਾਲ ਹੋਵੇਗੀ।

(vii) The upper age limit for widows, divorcees and certain other categories of married women as per instructions issued by the Government of Punjab vide letter No. 1/50/83-5PP(1368)/3454 dated 23.04.1984 will be relaxed up to 40 years.

**ਨੋਟ:- ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾਂ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ NOC ਲੈ ਕੇ ਕਾਉਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।**

**6. ਫੀਸ ਦਾ ਵੇਰਵਾ:**

| Sr. No. | Name of Category | Total Fees |
|---|---|---|
| 1. | Ex-Serviceman, Economically Weaker Sections (EWS), Persons with Disabilities (PWD) and Lineal Descendants of Ex-Serviceman (LDESM) of Punjab State only. | Rs.500/- |
| | Scheduled Castes and Backward Classes of Punjab State only. | Rs.750/- |
| | All Other Categories | Rs.1500/- |

**ਨੋਟ:- ਉਮੀਦਵਾਰਾਂ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਏਗੀ।**

**7. ਚੋਣ ਵਿਧੀ:**

i. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਚੋਣ ਕਰਨ ਲਈ Objective type (Multiple Choice Questions) ਲਿਖਤੀ ਪ੍ਰੀਖਿਆ ਹੋਵੇਗੀ।

ii. ਉਮੀਦਵਾਰਾਂ ਦੀ ਮੈਰਿਟ ਸੂਚੀ (Merit List) ਲਿਖਤੀ ਪ੍ਰੀਖਿਆ ਵਿੱਚ ਪ੍ਰਾਪਤ ਅੰਕਾਂ ਦੇ ਆਧਾਰ ਤੇ ਤਿਆਰ ਕੀਤੀ ਜਾਏਗੀ।

iii. ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸੰਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿਚ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।

iv. ਉਮੀਦਵਾਰਾਂ ਨੂੰ ਹਰ ਤਰ੍ਹਾਂ ਦੇ ਦਸਤਾਵੇਜਾਂ ਦੀ ਪੜਤਾਲ/ਵੈਰੀਫਿਕੇਸ਼ਨ ਕਰਨ ਲਈ ਕਾਉਂਸਲਿੰਗ ਲਈ ਬੁਲਾਇਆ ਜਾਵੇਗਾ। ਕਾਉਂਸਲਿੰਗ ਲਈ ਬੁਲਾਏ ਜਾਣ ਵਾਲੇ ਉਮੀਦਵਾਰਾਂ ਦੀ ਗਿਣਤੀ ਦਾ ਫੈਸਲਾ ਬੋਰਡ ਜਾਂ ਬੋਰਡ ਦੀ ਸਮਰੱਥ ਅਥਾਰਟੀ/ਅਧਿਕਾਰੀ ਵੱਲੋਂ ਲਿਆ ਜਾਏਗਾ।

v. ਕਾਉਂਸਲਿੰਗ ਵਿੱਚ ਮੁਕੰਮਲ ਤੌਰ ਤੇ ਸਫਲ/ਯੋਗ ਪਾਏ ਗਏ ਉਮੀਦਵਾਰਾਂ ਦੇ ਨਾਮ Common Merit List ਮੁਤਾਬਕ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤੇ ਜਾਣਗੇ।

vi. ਇਹ ਮੈਰਿਟ ਸੂਚੀ ਮਿਤੀ 30.09.2026 ਤੱਕ ਵੱਖ-ਵੱਖ ਵਿਭਾਗਾਂ ਤੋਂ ਅਸਾਮੀਆਂ ਸਬੰਧੀ ਪ੍ਰਾਪਤ ਹੋਣ ਵਾਲੇ ਮੰਗ ਪੱਤਰਾਂ ਲਈ valid/ਲਾਗੂ ਰਹੇਗੀ। ਮਿਤੀ 30.09.2026 ਤੋਂ ਬਾਅਦ ਪ੍ਰਾਪਤ ਹੋਣ ਵਾਲੇ ਮੰਗ ਪੱਤਰਾਂ ਵਿੱਚ ਸ਼ਾਮਲ ਅਸਾਮੀਆਂ ਵਿਰੁੱਧ ਇਸ ਮੈਰਿਟ ਸੂਚੀ ਵਿੱਚੋਂ ਕਿਸੇ ਵੀ ਉਮੀਦਵਾਰ ਨੂੰ

ਵਿਚਾਰਿਆ ਨਹੀਂ ਜਾਵੇਗਾ ਅਤੇ ਇਸ ਸਬੰਧੀ ਉਮੀਦਵਾਰਾਂ ਤੋਂ ਪ੍ਰਾਪਤ ਹੋਣ ਵਾਲੀਆਂ ਅਰਜੀਆਂ ਉਪਰ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ ਤੇ ਕਲੇਮ ਨੂੰ ਰੱਦ ਕਰ ਦਿੱਤਾ ਜਾਵੇਗਾ।

vii. ਉਮੀਦਵਾਰਾਂ ਨੂੰ ਲਿਖਤੀ ਪ੍ਰੀਖਿਆ ਲਈ ਬੋਰਡ ਦੀ ਵੈੱਬਸਾਈਟ ਤੇ ਹੀ online Admit Card ਜਾਰੀ ਕੀਤੇ ਜਾਣਗੇ। ਲਿਖਤੀ ਪ੍ਰੀਖਿਆ ਦਾ ਸਿਲੇਬਸ/ਪੈਟਰਨ (Pattern) ਬੋਰਡ ਦੀ ਵੈੱਬਸਾਈਟ ਤੇ ਅਪਲੋਡ ਕੀਤਾ ਜਾਏਗਾ। ਇਸ ਲਈ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹੋ ਬੋਰਡ ਦੀ ਵੈਬਸਾਈਟ ਨੂੰ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣ।

viii. ਆਨਲਾਈਨ ਅਪਲਾਈ ਕਰਨ ਜਾਂ ਲਿਖਤੀ ਪੇਪਰ ਵਿੱਚ ਅਪੀਅਰ ਹੋਣ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਅਸਾਮੀਆਂ ਲਈ ਹਰ ਪੱਖੋਂ ਉਮੀਦਵਾਰ ਦੀ ਯੋਗਤਾ ਸਿੱਧ ਹੋਣ ਉਪਰੰਤ ਹੀ ਲਿਖਤੀ ਪ੍ਰੀਖਿਆ ਦੀ ਮੈਰਿਟ ਦੇ ਆਧਾਰ ਤੇ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਏਗਾ। ਉਮੀਦਵਾਰ ਵੱਲੋਂ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

ix. ਲਿਖਤੀ ਪ੍ਰਿਖਿਆ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਸਿਲੇਬਸ, ਪ੍ਰੀਖਿਆ ਦਾ ਸਮਾਂ, ਪ੍ਰੀਖਿਆ ਕੇਂਦਰ, Admit Card, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵਿਅਕਤੀਗਤ ਤੌਰ ਤੇ ਕੋਈ ਵੀ ਪੱਤਰ-ਵਿਹਾਰ/ਸੂਚਨਾ ਨਹੀਂ ਭੇਜੀ ਜਾਏਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁਕੰਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

x. ਕਾਉਂਸਲਿੰਗ ਲਈ ਬੁਲਾਏ ਗਏ ਉਮੀਦਵਾਰਾਂ ਨੂੰ ਉਨ੍ਹਾਂ ਦੀ ਯੋਗਤਾ/ਪਾਤਰਤਾ ਦੇ ਆਧਾਰ ਤੇ ਬਿਨੈ ਕਰਨ ਵਾਲੀ ਸ਼੍ਰੇਣੀ/ਅਸਾਮੀ ਕੋਡ ਵਿੱਚ ਹੀ ਵਿਚਾਰਿਆ ਜਾਵੇਗਾ।

## 8. ਅਪਲਾਈ ਕਰਨ ਦੀ ਵਿਧੀ:

(I) ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ "Apply Online" ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ **ਮਿਤੀ 13.03.2026 ਤੋਂ 06.04.2026 ਤੱਕ** ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਇਹ ਰੱਦ ਸਮਝੀ ਜਾਵੇਗੀ।

(II) **Registration and Login**

ਬੋਰਡ ਦੀ ਵੈਬਸਾਈਟ ਤੇ ਉਪਲਬਧ "Apply Online" ਲਿੰਕ ਤੇ ਕਲਿਕ ਕਰਨ ਉਪਰੰਤ ਉਮੀਦਵਾਰ (ਜਿਨ੍ਹਾਂ ਉਮੀਦਵਾਰਾਂ ਦਾ Login/User ID ਨਹੀਂ ਹੈ) "Registraion" ਤੇ ਕਲਿਕ ਕਰਕੇ ਆਪਣੀ ਡਿਟੇਲ ਭਰਨਗੇ ਜਿਸ ਨਾਲ ਉਨ੍ਹਾਂ ਦਾ User ID ਅਤੇ Password generate ਹੋ ਜਾਵੇਗਾ। ਇਹ User ID ਉਨ੍ਹਾਂ ਵੱਲੋਂ Registraion ਕਰਨ ਸਮੇਂ ਭਰੀ ਗਈ Email Id ਹੋਵੇਗੀ। Registration ਸਫਲ ਹੋਣ ਉਪਰੰਤ ਹੀ UserID (Email ID) ਦੀ ਵਰਤੋਂ ਕਰਕੇ ਆਨਲਾਈਨ ਅਪਲਾਈ ਕੀਤਾ ਜਾ ਸਕੇਗਾ। ਇਸ ਲਈ ਉਮੀਦਵਾਰ

ਇਹ UserID/Password ਭਵਿੱਖ ਲਈ ਸੰਭਾਲ ਕੇ ਰੱਖਣ। ਰਜਿਸਟ੍ਰੇਸ਼ਨ ਕਰਨ ਤੋਂ ਬਾਅਦ ਉਮੀਦਵਾਰ ਆਪਣੀ ਰਜਿਸਟਰ ਕੀਤੀ ਜਾਣਕਾਰੀ/UserID (Email ID) ਨਾਲ Login ਕਰਕੇ "Apply for Service" ਤੇ ਕਲਿੱਕ ਕਰਕੇ ਆਨਲਾਈਨ ਅਪਲਾਈ ਕਰਨ ਦੀ ਪ੍ਰਕਿਰਿਆ ਜਾਰੀ ਰੱਖਣ।

**(III) Online Application/ਅਰਜ਼ੀ ਫਾਰਮ ਭਰਨਾ**

ਉਮੀਦਵਾਰ ਸਭ ਤੋਂ ਪਹਿਲਾ ਜੂਨੀਅਰ ਇੰਜੀਨੀਅਰ (ਸਿਵਲ), ਜੂਨੀਅਰ ਇੰਜੀਨੀਅਰ (ਮਕੈਨੀਕਲ) ਅਤੇ ਜੂਨੀਅਰ ਇੰਜੀਨੀਅਰ (ਬਿਜਲੀ) ਦੀਆਂ ਅਸਾਮੀਆਂ ਵਿੱਚੋਂ ਆਪਣੀ ਵਿਦਿਅਕ/ਤਕਨੀਕੀ ਯੋਗਤਾ ਮੁਤਾਬਕ ਇਕ ਅਸਾਮੀ ਦੀ ਚੋਣ ਕਰਦੇ ਹੋਏ ਆਪਣੀ ਨਿੱਜੀ, ਵਿਦਿਅਕ ਅਤੇ ਲੋੜੀਂਦੀ ਜਾਣਕਾਰੀ ਸਹੀ ਅਤੇ ਪੂਰੀ ਤਰ੍ਹਾਂ ਭਰਦੇ ਹੋਏ ਆਪਣੀ ਪਾਸਪੋਰਟ ਆਕਾਰ ਦੀ ਫੋਟੋ ਅਪਲੋਡ ਕਰਨਗੇ ਜਾਂ ਕੈਮਰੇ ਰਾਹੀਂ live Photo capture ਕਰਨਗੇ, ਨਾਲ ਹੀ ਦਸਤਖ਼ਤ ਦੀ ਸਕੈਨ ਕੀਤੀ ਕਾਪੀ ਅਪਲੋਡ ਕਰਨਗੇ। ਫੋਟੋ ਅਤੇ ਦਸਤਖ਼ਤ ਤੋਂ ਬਿਨਾਂ ਭੇਜੀਆਂ ਅਰਜ਼ੀਆਂ ਅਧੂਰੀਆਂ ਮੰਨੀਆਂ ਜਾਣਗੀਆਂ ਅਤੇ ਰੱਦ ਕਰ ਦਿੱਤੀਆਂ ਜਾਣਗੀਆਂ। ਇਸ ਉਪਰੰਤ ਉਮੀਦਵਾਰ "Save Draft" ਕਰਨਗੇ ਜਾਂ "Next" ਤੇ ਕਲਿਕ ਕਰਨਗੇ। ਇਸ ਉਪਰੰਤ ਉਮੀਦਵਾਰ "Attach Annexure" ਤੇ ਕਲਿਕ ਕਰਨਗੇ ਅਤੇ ਆਪਣੇ 10ਵੀਂ ਜਮਾਤ ਦਾ ਸਰਟੀਫਿਕੇਟ, ਵਿਦਿਅਕ/ਤਕਨੀਕੀ ਯੋਗਤਾ ਨਾਲ ਸਬੰਧਤ ਸਰਟੀਫਿਕੇਟ ਅਤੇ ਹੋਰ ਲਾਜ਼ਮੀ ਦਸਤਾਵੇਜ਼ਾਂ ਦੀਆਂ ਸਕੈਨ ਕਾਪੀਆਂ ਅਪਲੋਡ ਕਰਨਗੇ । ਦਸਤਾਵੇਜ਼ ਅਪਲੋਡ ਕਰਨ ਤੋਂ ਬਾਅਦ "Save Documents" ਤੇ ਕਲਿੱਕ ਕਰਨਗੇ। ਇਸ ਉਪਰੰਤ "Make payment" ਤੇ ਕਲਿਕ ਕਰਦੇ ਹੋਏ ਉਮੀਦਵਾਰ ਆਨਲਾਈਨ ਫੀਸ ਦਾ ਭੁਗਤਾਨ ਕਰਨਗੇ। ਫੀਸ ਦਾ ਭੁਗਤਾਨ ਕਰਨ ਉਪਰੰਤ "Submit" ਤੇ ਕਲਿੱਕ ਕਰਦੇ ਹੋਏ apply ਕਰਨ ਦੀ ਵਿਧੀ ਨੂੰ ਪੂਰਾ ਕਰਨਗੇ ਅਤੇ ਉਨ੍ਹਾਂ ਦਾ ਪੂਰਾ Application Form screen ਤੇ ਦਿਖਾਈ ਦੇਵੇਗਾ। ਉਮੀਦਵਾਰ ਇਸਦਾ print ਲੈਕੇ ਭਵਿੱਖ ਲਈ ਸੰਭਾਲ ਕੇ ਰੱਖਣਗੇ। ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(IV) Application Form ਦਾ Draft save ਕਰਨ ਤੋਂ ਬਾਅਦ ਇਹ Draft "Menu>View Status of Application>View Incomplete Application" ਲਿੰਕ ਤੇ ਕਲਿਕ ਕਰਕੇ ਮੁੜ ਦੇਖਿਆ ਜਾ ਸਕਦਾ ਹੈ ਅਤੇ ਫਾਰਮ complete ਕਰਕੇ submit ਕੀਤਾ ਜਾ ਸਕੇਗਾ।

(V) ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(VI) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(VII) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(VIII) Online ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

## 9. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:

ਹੇਠ ਦਰਸਾਈ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ:-

(i) ਪੂਰੀ ਫੀਸ ਪ੍ਰਾਪਤ ਨਾ ਹੋਣ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣ ਜਾਂ ਕਿਸੇ ਵੀ ਕਾਰਨ ਫੀਸ ਪ੍ਰਾਪਤ ਨਾ ਹੋਣ ਦੀ ਸਥਿਤੀ ਵਿੱਚ ਪਾਤਰਤਾ ਰੱਦ ਸਮਝੀ ਜਾਏਗੀ;

(ii) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ;

(iii) ਆਨਲਾਈਨ ਬਿਨੈ ਕਰਨ ਦੀ ਪੂਰੀ ਪ੍ਰਕਿਰਿਆ ਮੁਕੰਮਲ ਨਾ ਕਰਨਾ;

(iv) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ;

(v) ਲੋੜੀਂਦੀ ਵਿੱਦਿਅਕ/ਤਕਨੀਕੀ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀ ਕੋਈ ਹੋਰ ਸ਼ਰਤ ਪੂਰੀ ਨਾ ਹੋਣਾ;

(vi) ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਦੀ ਥਾਂ ਕਿਸੇ ਹੋਰ ਪ੍ਰਕਿਰਿਆ ਰਾਹੀਂ ਬਿਨੈ ਕਰਨਾ;

(vii) ਲਿਖਤੀ ਪ੍ਰਿਖਿਆ ਵਿੱਚ ਫੇਲ/ਅਯੋਗ ਹੋਣ ਦੀ ਸਥਿਤੀ ਵਿੱਚ।

## 10. ਬਿਨੈਕਾਰਾਂ ਦੇ ਧਿਆਨ ਹਿੱਤ ਅਤਿ ਜ਼ਰੂਰੀ ਹਦਾਇਤਾਂ:

(i) ਉਮੀਦਵਾਰਾਂ ਵੱਲੋਂ ਹਾਸਲ ਕੀਤਾ ਗਿਆ ਡਿਗਰੀ/ਡਿਪਲੋਮਾ/ਕੋਰਸ ਸਰਟੀਫਿਕੇਟ ਸਬੰਧਤ ਬੋਰਡ/ਸੰਸਥਾ/ਯੂਨੀਵਰਸਿਟੀ/ਯੂ.ਜੀ.ਸੀ. ਵੱਲੋਂ ਸਮੇਂ-ਸਮੇਂ ਤੇ ਜਾਰੀ guidelines/instructions ਅਨੁਸਾਰ ਅਤੇ ਮਾਨਤਾ ਪ੍ਰਾਪਤ ਬੋਰਡ/ਸੰਸਥਾ/ਯੂਨੀਵਰਸਿਟੀ ਤੋਂ ਜਾਰੀ ਕੀਤਾ ਹੋਣਾ ਲਾਜ਼ਮੀ ਹੈ।

(ii) ਉਪਰੋਕਤ ਦਰਸਾਈਆਂ ਅਸਾਮੀਆਂ ਲਈ Punjab Civil Services (General and Common Conditions of Service) Rules, 1994 ਵਿੱਚ ਕੀਤੇ ਉਪਬੰਧ ਅਨੁਸਾਰ ਦਸਵੀਂ ਪੱਧਰ ਦੀ ਪੰਜਾਬੀ ਜਾਂ ਇਸਦੇ ਬਰਾਬਰ ਦੀ ਯੋਗਤਾ ਪਾਸ ਕੀਤੀ ਹੋਵੇ।

(iii) ਮੁੱਢਲੀ ਤਨਖਾਹ ਅਤੇ ਹੋਰ ਭੱਤਿਆਂ ਸਬੰਧੀ ਵਿੱਤ ਵਿਭਾਗ (ਵਿੱਤ ਪ੍ਰਸੋਨਲ-1 ਸ਼ਾਖਾ), ਪੰਜਾਬ ਸਰਕਾਰ ਦਾ ਪੱਤਰ ਨੰ. 7/204/2012-4ਐਫ.ਪੀ.1/66 ਮਿਤੀ 15.01.2015 ਅਤੇ ਇਸ ਸਬੰਧੀ ਸਮੇਂ-ਸਮੇਂ ਤੇ ਜਾਰੀ ਹੋਰ ਹਦਾਇਤਾਂ ਲਾਗੂ ਹੋਣਗੀਆਂ।

(iv) ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਕੇਵਲ ਬੋਰਡ ਦੀ ਵੈੱਬਸਾਈਟ *https://sssb.punjab.gov.in* ਤੇ ਹੀ ਆਨਲਾਈਨ ਅਪਲਾਈ ਕਰ ਸਕਦੇ ਹਨ। ਇਸ ਤੋਂ ਬਿਨ੍ਹਾਂ ਕਿਸੇ ਵੀ ਵਿਧੀ ਰਾਹੀਂ ਭੇਜੀ ਗਈ ਅਰਜੀ ਰੱਦ ਸਮਝੀ ਜਾਵੇਗੀ।

(v) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜ਼ਿੰਮੇਵਾਰ ਹੋਵੇਗਾ। ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਇਸ ਸਬੰਧੀ ਕੋਈ ਜ਼ਿੰਮੇਵਾਰੀ ਨਹੀਂ ਹੋਵਗੀ ਅਤੇ ਨਾ ਹੀ ਕਿਸੇ ਵੀ ਕਾਲਮ ਵਿੱਚ ਸੋਧ ਕੀਤੀ ਜਾਵੇਗੀ। ਉਮੀਦਵਾਰ ਵਲੋਂ ਇੱਕ ਵਾਰ ਭਰਿਆ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(vi) ਉਮੀਦਵਾਰ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਵੱਲੋਂ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਲੈਣ ਦੀ ਸਥਿਤੀ ਵਿੱਚ ਕੋਈ ਵੀ ਗਲਤੀ ਹੋ ਜਾਣ ਉਪਰੰਤ ਕਿਸੇ ਵੀ ਹਾਲਤ ਵਿੱਚ ਫਾਰਮ ਦੇ ਕਿਸੇ ਵੀ ਕਾਲਮ ਵਿੱਚ ਸੋਧ ਨਹੀਂ ਕੀਤੀ ਜਾਵੇਗੀ।

(vii) ਉਮੀਦਵਾਰਾਂ ਲਈ ਆਨਲਾਈਨ ਐਪਲੀਕੇਸ਼ਨ ਫਾਰਮ ਵਿੱਚ ਕੇਵਲ ਆਪਣਾ ਹੀ ਮੋਬਾਈਲ ਨੰਬਰ ਅਤੇ ਈਮੇਲ ਅਡਰੈਸ ਭਰਨਾ ਲਾਜਮੀ ਹੈ।

(viii) ਉਮੀਦਵਾਰ ਵੱਲੋਂ ਅਧੂਰਾ ਫਾਰਮ ਭਰਨ ਜਾਂ ਆਨਲਾਈਨ ਬਿਨੈ ਕਰਨ ਦੀ ਪ੍ਰਕਿਰਿਆ ਪੂਰੀ ਨਾ ਕਰਨ ਜਾਂ ਪੂਰੀ ਫੀਸ ਨਾ ਭਰ ਸਕਣ ਜਾਂ ਲੋੜੀਂਦੇ ਦਸਤਾਵੇਜ਼ ਅਪਲੋਡ ਨਾ ਕਰਨ ਦੀ ਸਥਿਤੀ ਵਿੱਚ ਉਸਦਾ ਬਿਨੈ-ਪੱਤਰ ਸਵੀਕਾਰ ਨਹੀਂ ਕੀਤਾ ਜਾਵੇਗਾ ਅਤੇ ਉਸਨੂੰ ਇਨ੍ਹਾਂ ਅਸਾਮੀਆਂ ਲਈ ਉਮੀਦਵਾਰ ਨਹੀਂ ਮੰਨਿਆ ਜਾਵੇਗਾ।

(ix) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਦਰਸਾਈਆਂ ਹਦਾਇਤਾਂ ਮੁਤਾਬਕ ਲੋੜੀਂਦੇ ਸਰਟੀਫਿਕੇਟ ਸਕੈਨ ਕਰਕੇ ਵੈੱਬਸਾਈਟ ਤੇ ਨਾਲ ਹੀ ਅਪਲੋਡ ਕਰਨਗੇ।

(x) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਲਿਖਤੀ ਪ੍ਰਿਖਿਆ ਦਾ ਪੈਟਰਨ, ਸ਼ਡਿਊਲ/ਮਿਤੀ, Admit Card, ਨਤੀਜਾ, Merit List, ਮਹੱਤਵਪੂਰਨ ਮਿਤੀਆਂ ਅਤੇ ਭਰਤੀ ਪ੍ਰਕਿਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹਰ ਤਰ੍ਹਾਂ ਦੀ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਵੇਗੀ। ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਵੇਗੀ। ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁਕੰਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ ਕਿਸੇ ਵੀ ਸੂਚਨਾ Updates ਲਈ ਬੋਰਡ ਦੀ ਵੈੱਬਸਾਈਟ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰਾਂ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਵੇਗਾ।

(xi) ਉਮੀਦਵਾਰ ਸ਼੍ਰੇਣੀ ਅਤੇ ਇਸਦੇ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਧਿਆਨ ਨਾਲ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(xii) ਵੱਖ-ਵੱਖ ਵਰਗਾਂ/ਸ਼੍ਰੇਣੀਆਂ ਦੀਆਂ ਅਸਾਮੀਆਂ ਉਸ ਵਰਗ/ਸ਼੍ਰੇਣੀ ਵਿੱਚ ਅਸਾਮੀਆਂ ਦੀ ਉਪਲੱਬਤਾ ਅਨੁਸਾਰ ਭਰੀਆਂ ਜਾਣਗੀਆਂ।

(xiii) ਆਨਲਾਈਨ ਅਪਲਾਈ ਕਰਨ ਜਾਂ ਮੈਰਿਟ ਸੂਚੀ ਵਿੱਚ ਨਾਮ ਆਉਣ ਜਾਂ ਕਾਉਂਸਲਿੰਗ ਲਈ ਬੁਲਾਏ ਜਾਣ ਨਾਲ ਉਮੀਦਵਾਰ ਅਸਾਮੀ ਲਈ ਸਿਫਾਰਸ਼ ਹੋਣ ਦਾ ਅਧਿਕਾਰੀ ਨਹੀਂ ਬਣ ਜਾਵੇਗਾ। ਲਿਖਤੀ ਪ੍ਰੀਖਿਆ ਪਾਸ ਕਰਨ ਅਤੇ ਅਸਾਮੀ ਲਈ ਹਰ ਲੋੜੀਂਦੀ ਯੋਗਤਾ ਪੂਰੀ ਕਰਨ ਤੇ ਅਸਾਮੀਆਂ ਦੀ ਉਪਲਬਧਤਾ ਮੁਤਾਬਕ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ। ਤੈਅ ਸਮੇਂ-ਸੀਮਾ ਅੰਦਰ ਆਪਣੀ ਯੋਗਤਾ ਸਿੱਧ ਨਾ ਕਰ ਸਕਣ ਦੀ ਸਥਿਤੀ ਵਿੱਚ ਉਮੀਦਵਾਰ ਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ ਅਤੇ ਇਸ ਸਬੰਧੀ ਬੋਰਡ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਹੋਵੇਗਾ।

(xiv) ਉਮੀਦਵਾਰ ਵੱਲੋਂ ਭਰਤੀ ਦੀ ਕਿਸੇ ਵੀ ਸਟੇਜ ਤੇ ਉਪਲਬਧ ਕਰਵਾਏ ਗਏ ਕਿਸੇ ਵੀ ਦਸਤਾਵੇਜ ਦੇ ਗਲਤ ਸਾਬਤ ਹੋਣ ਤੇ ਉਸਦਾ ਨਾਮ ਮੈਰਿਟ ਸੂਚੀ ਵਿੱਚੋਂ ਕੱਢ ਦਿੱਤਾ ਜਾਵੇਗਾ ਅਤੇ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ। ਅਜਿਹੇ ਉਮੀਦਵਾਰ ਵਿਰੁੱਧ ਨਿਯਮਾਂ ਅਨੁਸਾਰ ਕਾਨੂੰਨੀ ਕਾਰਵਾਈ ਵੀ ਆਰੰਭੀ ਜਾ ਸਕਦੀ ਹੈ।

(xv) ਉਮੀਦਵਾਰ ਇਹ ਵੀ ਤਸਦੀਕ ਕਰਨਗੇ ਕਿ ਉਹ ਉਪਰੋਕਤ ਅਸਾਮੀਆਂ ਸਬੰਧੀ ਲੋੜੀਂਦੀ ਯੋਗਤਾ ਅਤੇ ਨਿਰਧਾਰਤ ਸ਼ਰਤਾਂ ਪੂਰੀਆਂ ਕਰਦਾ ਹੈ। ਉਮੀਦਵਾਰ ਵੱਲੋਂ ਕਾਉਂਸਲਿੰਗ ਸਮੇਂ ਅਸਲ ਦਸਤਾਵੇਜ ਦੇ ਆਧਾਰ ਤੇ ਉਮਰ, ਵਿੱਦਿਅਕ/ਤਕਨੀਕੀ ਯੋਗਤਾ ਅਤੇ ਲੋੜੀਂਦੇ ਦਸਤਾਵੇਜ ਸਬੰਧੀ ਤਸਦੀਕ ਕਰਨੀ ਹੋਵੇਗੀ ਅਤੇ ਆਪਣੇ ਰਾਖਵਾਂਕਰਨ ਦੇ ਸਰਟੀਫਿਕੇਟ ਵੀ ਪੇਸ਼ ਕਰਨੇ ਹੋਣਗੇ। ਇਨ੍ਹਾਂ ਦਸਤਾਵੇਜਾਂ ਦੇ ਹਰ ਪੱਖੋਂ ਸਹੀ ਸਿੱਧ ਹੋਣ ਅਤੇ ਲੋੜੀਂਦੀਆਂ ਸ਼ਰਤਾਂ/ਯੋਗਤਾਵਾਂ ਪੂਰੀਆਂ ਕਰਨ,

ਉਸਦੀ ਪਾਤਰਤਾ ਸਿੱਧ ਹੋਣ ਅਤੇ ਅਸਾਮੀਆਂ ਦੀ ਉਪਲਬਧਤਾ ਹੋਣ ਦੀ ਸਥਿਤੀ ਵਿੱਚ ਹੀ ਉਮੀਦਵਾਰ ਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕੀਤਾ ਜਾਵੇਗਾ।

(xvi) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ ਅਤੇ ਤਕਨੀਕੀ ਯੋਗਤਾ ਨਾਲ ਸਬੰਧਤ ਆਪਣੇ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ। ਇਹ ਸਾਰੇ ਦਸਤਾਵੇਜ਼ ਅਪਲਾਈ ਕਰਨ ਦੀ ਮਿਤੀ ਤੋਂ ਪਹਿਲਾਂ ਦੇ ਹੋਣੇ ਚਾਹੀਦੇ ਹਨ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

(xvii) ਲਿਖਤੀ ਪ੍ਰਿਖਿਆ/ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(xviii) ਉਮੀਦਵਾਰ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਬੋਰਡ ਦੁਆਰਾ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।

(xix) ਇਸ ਭਰਤੀ ਸਬੰਧੀ ਬੋਰਡ ਦੁਆਰਾ ਭਵਿੱਖ ਵਿੱਚ ਜਾਰੀ ਕੀਤੀ ਕੋਈ ਵੀ ਸੋਧ/ਨੋਟਿਸ/Corrigendum ਇਸ ਭਰਤੀ ਤੇ ਲਾਗੂ ਹੋਵੇਗਾ ਅਤੇ ਉਮੀਦਵਾਰ ਇਸਦੀ ਪਾਲਣਾ ਕਰਨੀ ਯਕੀਨੀ ਬਣਾਉਣਗੇ।

(xx) ਇਸ ਭਰਤੀ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਅਧਿਕਾਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਪਾਸ ਰਾਖਵਾਂ ਹੋਵੇਗਾ ਅਤੇ ਕਿਸੇ ਵੀ ਮਾਮਲੇ/ਵਿਸ਼ੇ ਸਬੰਧੀ ਬੋਰਡ ਜਾਂ ਬੋਰਡ ਦੁਆਰਾ ਗਠਿਤ ਕੀਤੀ ਕਮੇਟੀ ਦਾ ਫੈਸਲਾ ਅੰਤਿਮ ਅਤੇ ਸਾਰੇ ਉਮੀਦਵਾਰਾਂ ਤੇ ਲਾਗੂ ਹੋਵੇਗਾ।

(xxi) ਉਪਰੋਕਤ ਦਰਸਾਈਆਂ ਅਸਾਮੀਆਂ ਦੀਆਂ ਸ਼ਰਤਾਂ/ਨਿਯਮ/ਰਾਖਵਾਂਕਰਨ ਸਬੰਧਤ ਵਿਭਾਗ ਦੁਆਰਾ ਮੁਹੱਈਆ ਕਰਵਾਈ ਗਈ ਸੂਚਨਾ/ਜਾਣਕਾਰੀ ਤੇ ਅਧਾਰਿਤ ਹਨ। ਇਸ ਸਬੰਧੀ ਹਰ ਤਰ੍ਹਾਂ ਦੀ ਜਿੰਮੇਵਾਰੀ ਸਬੰਧਤ ਵਿਭਾਗ ਦੀ ਹੋਵੇਗੀ।

(xxii) ਇਨ੍ਹਾਂ ਅਸਾਮੀਆਂ ਲਈ ਆਨਲਾਈਨ ਬਿਨੈ (Online Apply) ਕਰਨ ਸਬੰਧੀ ਕੋਈ ਮੁਸ਼ਕਲ/ਔਕੜ (Technical issue) ਆਉਣ ਤੇ email ਰਾਹੀਂ helpdesk.sssbpb@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(xxiii) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ 10.00 am ਤੋਂ 04.00 pm ਦਫਤਰ ਦੇ ਟੈਲੀਫੋਨ ਨੰ. 0172-2298000 (Extension No. 5106 and 5107), 0172-2298083, ਹੈਲਪਲਾਈਨ ਨੰਬਰ 99885-80229 ਅਤੇ 9646932955 ਤੇ ਸੰਪਰਕ ਕੀਤਾ ਜਾ ।ਸਕਦਾ ਹੈ।

(xxiv) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ/ ਰੱਦ ਕਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

**ਸਹੀ/-**

**ਸਥਾਨ: ਐਸ.ਏ.ਐਸ. ਨਗਰ** — **ਸਕੱਤਰ**

**ਮਿਤੀ: 12.03.2026** — **ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**